# ਪ੍ਰਧਾਨ ਮੰਤਰੀ ਦੀ ਗ੍ਰੀਸ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ

25 ਅਗਸਤ, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ 25 ਅਗਸਤ 2023 ਨੂੰ ਏਥਨਜ਼ ਵਿੱਚ ਗ੍ਰੀਸ ਦੇ ਪ੍ਰਧਾਨ ਮੰਤਰੀ ਮਾਣਯੋਗ ਮਿਸਟਰ ਕਿਰੀਕੋਸ ਮਿਤਸੋਟਾਕਿਸ ਨਾਲ ਮੁਲਾਕਾਤ ਕੀਤੀ।

2. ਦੋਵਾਂ ਨੇਤਾਵਾਂ ਨੇ ਵਨ-ਟੂ-ਵਨ ਅਤੇ ਡੈਲੀਗੇਸ਼ਨ ਪੱਧਰ ਦੇ ਫਾਰਮੈਟਾਂ ਵਿੱਚ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਗ੍ਰੀਸ ਦੇ ਜੰਗਲਾਂ ਵਿੱਚ ਅੱਗ ਲੱਗਣ ਦੀਆਂ ਦੁਖਦਾਈ ਘਟਨਾਵਾਂ ਵਿੱਚ ਹੋਏ ਜਾਨੀ ਅਤੇ ਮਾਲੀ ਨੁਕਸਾਨ ਲਈ ਸੋਗ ਪ੍ਰਗਟ ਕੀਤਾ।

3. ਪ੍ਰਧਾਨ ਮੰਤਰੀ ਮਿਤਸੋਟਾਕਿਸ ਨੇ ਚੰਦਰਯਾਨ ਮਿਸ਼ਨ ਦੀ ਸਫਲਤਾ 'ਤੇ ਪ੍ਰਧਾਨ ਮੰਤਰੀ ਨੂੰ ਵਧਾਈ ਦਿੰਦੇ ਹੋਏ ਇਸ ਨੂੰ ਮਨੁੱਖਤਾ ਦੀ ਸਫਲਤਾ ਦੱਸਿਆ।

4. ਗੱਲਬਾਤ ਵਿੱਚ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਤਕਨਾਲੋਜੀ, ਬੁਨਿਆਦੀ ਢਾਂਚਾ, ਡਿਜੀਟਲ ਭੁਗਤਾਨ, ਸ਼ਿਪਿੰਗ, ਫਾਰਮਾ, ਖੇਤੀਬਾੜੀ, ਪ੍ਰਵਾਸ ਅਤੇ ਗਤੀਸ਼ੀਲਤਾ, ਸੈਰ-ਸਪਾਟਾ, ਹੁਨਰ ਵਿਕਾਸ, ਸੱਭਿਆਚਾਰ, ਸਿੱਖਿਆ ਅਤੇ ਲੋਕਾਂ ਨਾਲ ਲੋਕਾਂ ਦੇ ਸਬੰਧਾਂ ਸਮੇਤ ਦੁਵੱਲੀ ਭਾਈਵਾਲੀ ਦੇ ਵੱਖ-ਵੱਖ ਪਹਿਲੂਆਂ ਨੂੰ ਸ਼ਾਮਲ ਕੀਤਾ ਗਿਆ। ਉਨ੍ਹਾਂ ਨੇ ਈਯੂ ਹਿੰਦ-ਪ੍ਰਸ਼ਾਂਤ ਅਤੇ ਮੈਡੀਟੇਰੀਅਨ ਸਮੇਤ ਖੇਤਰੀ ਅਤੇ ਬਹੁਪੱਖੀ ਮੁੱਦਿਆਂ 'ਤੇ ਵੀ ਚਰਚਾ ਕੀਤੀ।

5. ਦੋਵੇਂ ਧਿਰਾਂ ਆਪਣੇ ਸਬੰਧਾਂ ਨੂੰ 'ਰਣਨੀਤਕ ਭਾਈਵਾਲੀ' ਤੱਕ ਵਧਾਉਣ ਲਈ ਸਹਿਮਤ ਹੋਈਆਂ।

**ਏਥਨਜ਼**
**25 ਅਗਸਤ, 2023**